# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :18-02-2026**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿਖੇ ਸਪੇਨ ਦੇ ਰਾਸ਼ਟਰਪਤੀ ਪੇਡਰੋ ਸਾਂਚੇਜ਼ ਨਾਲ ਮੁਲਾਕਾਤ ਕੀਤੀ।
- ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਮਾਛੀਵਾੜਾ ਦੇ ਇਕ ਸਕੂਲ ਵਿੱਚ ਅਚਨਚੇਤ ਨਿਰੀਖਣ -ਗੰਭੀਰ ਖਾਮੀਆਂ ਸਬੰਧੀ 6 ਅਧਿਆਪਕਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ।
- ਪੰਜਾਬ ਸਰਕਾਰ ਵੱਲੋਂ ਸਮਾਜਿਕ ਸੁਰੱਖਿਆ ਯੋਜਨਾਵਾਂ ਤਹਿਤ ਜਨਵਰੀ 2026 ਤੱਕ 5 ਹਜ਼ਾਰ 748 ਕਰੋੜ ਤੋਂ ਵੱਧ ਦੀ ਰਕਮ ਜਾਰੀ ।

- ਜ਼ਿਲ੍ਹਾ  ਤਰਨਤਾਰਨ ‘ਚ ਇਕ ਵਿਆਹ ਸਮਾਗਮ ਦੌਰਾਨ ਆਮ ਆਦਮੀ ਪਾਰਟੀ ਨਾਲ ਸਬੰਧਿਤ ਸਰਪੰਚ  ਦਾ ਅਣਪਛਾਤੇ ਵਿਆਕਤੀਆਂ ਵਲੋ ਗੋਲੀਆਂ ਮਾਰਕੇ ਕਤਲ ਕਰ ਦਿੱਤਾ ਗਿਆ।
- ਮਰਦਾਂ ਦੇ ICC twenty - twenty ਵਿਸ਼ਵ ਕੱਪ ਵਿੱਚ ਅੱਜ ਮੌਜੂਦਾ ਚੈਂਪੀਅਨ ਭਾਰਤ ਦਾ ਮੁਕਾਬਲਾ ਨੀਦਰਲੈਂਡਜ਼ ਨਾਲ ।

## <u>ਹੁਣ ਖਬਰਾਂ ਵਿਸਥਾਰ ਨਾਲ</u>

ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਨੇ ਅੱਜ ਨਵੀਂ ਦਿੱਲੀ ਦੇ ਹੈਦਰਾਬਾਦ ਹਾਊਸ ਵਿਖੇ ਸਪੇਨ ਦੇ ਰਾਸ਼ਟਰਪਤੀ ਪੇਡਰੋ ਸਾਂਚੇਜ਼ ਨਾਲ ਮੁਲਾਕਾਤ ਕੀਤੀ। ਦੋਵਾਂ ਨੇਤਾਵਾਂ ਨੇ ਭਾਰਤ-ਸਪੇਨ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਕਈ ਮੁੱਦਿਆਂ 'ਤੇ ਚਰਚਾ ਕੀਤੀ। ਵਿਦੇਸ਼ ਮੰਤਰਾਲੇ ਨੇ ਇੱਕ ਬਿਆਨ ਵਿੱਚ ਕਿਹਾ ਕਿ ਦੋਵਾਂ ਆਗੂਆਂ ਨੇ ਵਪਾਰ ਅਤੇ ਅਰਥ-ਵਿਵਸਥਾ 'ਤੇ ਚਰਚਾ ਕੀਤੀ, ਜਿਸ ਵਿੱਚ ਡਿਜੀਟਲ ਖੇਤਰ, ਨਵੀਨਤਾ, ਸਿਹਤ, ਜਲਵਾਯੂ ਤਬਦੀਲੀ ਅਤੇ ਸਿੱਖਿਆ ਸ਼ਾਮਲ ਨੇ ।

ਪ੍ਰਧਾਨ ਮੰਤਰੀ ਮੋਦੀ ਨੇ ਮਜ਼ਬੂਤ ਭਾਰਤ-ਯੋਰੋਪਿਅਨ ਯੂਨੀਅਨ ਸਬੰਧਾਂ ਲਈ ਸਪੇਨ ਦੇ ਨਿਰੰਤਰ ਸਮਰਥਨ ਦੀ ਸ਼ਲਾਘਾ ਕੀਤੀ।

---------------------------------------------------------------

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਮਾਛੀਵਾੜਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਕੀਤੇ ਗਏ ਅਚਨਚੇਤ ਨਿਰੀਖਣ ਦੌਰਾਨ ਸਾਹਮਣੇ ਆਈਆਂ ਗੰਭੀਰ ਖਾਮੀਆਂ ਸਬੰਧੀ ਫੌਰੀ ਅਤੇ ਫ਼ੈਸਲਾਕੁੰਨ ਕਾਰਵਾਈ ਕੀਤੀ ਏ । ਇਸ ਦੌਰੇ ਦੌਰਾਨ ਸਿੱਖਿਆ ਮੰਤਰੀ ਨੇ ਸਕੂਲ ਪ੍ਰਬੰਧਨ ਵਿੱਚ ਕਮੀਆਂ ਸਾਹਮਣੇ ਆਈਆਂ ਅਤੇ ਵਿਦਿਆਰਥੀਆਂ ਨੂੰ ਮੁਢਲੀ ਸਿੱਖਿਆ ਨਾਲ ਜੂਝਦੇ ਦੇਖਿਆ, ਜਿਸ ਕਾਰਨ ਤੁਰੰਤ ਸੁਧਾਰਾਤਮਕ ਉਪਾਅ ਕੀਤੇ ਗਏ। ਪੰਜਾਬ ਸਕੂਲ ਸਿੱਖਿਆ ਵਿਭਾਗ ਨੇ ਬਾਅਦ ਵਿੱਚ ਛੇ ਅਧਿਆਪਕਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ, ਜਿਨ੍ਹਾਂ ਵਿੱਚ ਬੀ.ਆਰ.ਸੀ., ਮੁੱਖ ਅਧਿਆਪਕ, ਇੱਕ ਐਸੋਸੀਏਟ ਅਧਿਆਪਕ, ਤਿੰਨ ਈ.ਟੀ.ਟੀ. ਅਧਿਆਪਕ ਅਤੇ ਇੱਕ ਆਈ.ਈ.ਏ.ਟੀ. ਅਧਿਆਪਕ ਸ਼ਾਮਲ ਨੇ । ਲਾਪਰਵਾਹੀ ਜਾਂ ਕੁਤਾਹੀ ਪ੍ਰਤੀ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਵਾਲੀ ਪਹੁੰਚ ਦੀ ਪੁਸ਼ਟੀ ਕਰਦਿਆਂ ਸਿੱਖਿਆ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਸਿੱਖਿਆ, ਸਰਕਾਰ ਲਈ ਪ੍ਰਮੁੱਖ ਤਰਜੀਹ ਏ ਅਤੇ ਇਹ ਯਕੀਨੀ ਬਣਾਉਣ ਲਈ ਹਰ ਪੱਧਰ ’ਤੇ

ਜਵਾਬਦੇਹੀ ਲਾਜ਼ਮੀ ਹੈ ਤਾਂ ਜੋ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਮਿਲ ਸਕੇ।

ਇਨ੍ਹਾਂ ਕੁਤਾਹੀਆਂ 'ਤੇ ਸਖ਼ਤ ਨਾਰਾਜ਼ਗੀ ਪ੍ਰਗਟ ਕਰਦਿਆਂ ਹਰਜੋਤ ਸਿੰਘ ਬੈਂਸ ਨੇ ਕਿਹਾ, "ਛੋਟੀ ਤੋਂ ਛੋਟੀ ਲਾਪਰਵਾਹੀ ਵੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਜ਼ਿਕਰਯੋਗ ਏ ਕਿ ਪੰਜਾਬ ਦੇ ਸਿੱਖਿਆ ਮੰਤਰੀ ਵੱਲੋਂ ਵਿਦਿਅਕ ਮਿਆਰਾਂ, ਵਿਦਿਆਰਥੀਆਂ ਦੀ ਹਾਜ਼ਰੀ, ਮਿਡ-ਡੇਅ ਮੀਲ ਅਤੇ ਬੁਨਿਆਦੀ ਢਾਂਚੇ ਦੀ ਸਾਂਭ-ਸੰਭਾਲ ਦੇ ਮੁਲਾਂਕਣ ਲਈ ਸੂਬੇ ਭਰ ਦੇ ਸਰਕਾਰੀ ਸਕੂਲਾਂ ਦਾ ਅਚਨਚੇਤ ਨਿਰੀਖਣ ਕੀਤਾ ਜਾ ਰਿਹਾ ਏ।

ਸਿੱਖਿਆ ਮੰਤਰੀ ਨੇ ਐਕਸ ਹੈਂਡਲ 'ਤੇ ਆਪਣੇ ਦੌਰੇ ਦੀ ਇੱਕ ਕਲਿੱਪ ਸਾਂਝੀ ਕੀਤੀ ਏ।

---

ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਵੱਖ-ਵੱਖ ਸਮਾਜਿਕ ਸੁਰੱਖਿਆ ਯੋਜਨਾਵਾਂ ਅਧੀਨ ਪੰਜਾਬ ਸਰਕਾਰ ਵੱਲੋਂ ਜਨਵਰੀ 2026 ਤੱਕ ਵਿੱਤੀ ਸਾਲ 2025-26 ਦੌਰਾਨ 5 ਹਜ਼ਾਰ 748 ਕਰੋੜ ਤੋਂ ਵੱਧ ਦੀ ਰਕਮ ਲਾਭਪਾਤਰੀਆਂ ਤੱਕ ਸਿੱਧੀ ਤੌਰ ‘ਤੇ ਪਹੁੰਚਾਈ ਜਾ ਚੁੱਕੀ ਏ। ਉਨ੍ਹਾਂ ਕਿਹਾ ਕਿ ਇਨ੍ਹਾਂ ਯੋਜਨਾਵਾਂ ਅਧੀਨ ਸੂਬੇ ਦੇ 35 ਲੱਖ 70 ਹਜ਼ਾਰ ਤੋਂ

ਵੱਧ ਲਾਭਪਾਤਰੀਆਂ ਨੂੰ ਨਿਯਮਤ ਅਤੇ ਨਿਰੰਤਰ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਏ , ਜਿਸ ਨਾਲ ਗਰੀਬ, ਬੁਜ਼ੁਰਗ, ਮਹਿਲਾਵਾਂ, ਬੱਚਿਆਂ ਅਤੇ ਦਿਵਿਆਂਗ ਵਿਅਕਤੀਆਂ ਦੀ ਆਰਥਿਕ ਸੁਰੱਖਿਆ ਯਕੀਨੀ ਬਣਾਈ ਗਈ ਏ। ਕੈਬਨਿਟ ਮੰਤਰੀ  ਨੇ ਕਿਹਾ ਕਿ ਸਮਾਜਿਕ ਸੁਰੱਖਿਆ ਸਕੀਮਾਂ ਸਿਰਫ਼ ਵਿੱਤੀ ਮਦਦ ਤੱਕ ਸੀਮਿਤ ਨਹੀਂ, ਸਗੋਂ ਇਹ ਲੱਖਾਂ ਪਰਿਵਾਰਾਂ ਲਈ ਸਨਮਾਨ ਨਾਲ ਜੀਊਣ ਦੀ ਉਮੀਦ ਨੇ।  ਡਾ. ਬਲਜੀਤ ਕੌਰ ਨੇ ਕਿਹਾ ਕਿ ਇਸ ਮਕਸਦ ਲਈ ਸੂਬਾ ਸਰਕਾਰ ਵੱਲੋਂ ਵਿੱਤੀ ਸਾਲ 2025-26 ਦੌਰਾਨ  6 ਹਜ਼ਾਰ 175 ਕਰੋੜ ਦਾ ਬਜਟ ਉਪਬੰਧ ਕੀਤਾ ਗਿਆ ਏ।

---------------------------------------------------------

ਪਠਾਨਕੋਟ ਜ਼ਿਲ੍ਹਾ ਪ੍ਰਸ਼ਾਸਨ ਨੇ ਅੱਜ ਚਾਰ ਦਿਨਾਂ ਸਖੀ ਸ਼ਕਤੀ ਮੇਲੇ ਦੀ ਸ਼ੁਰੂਆਤ ਕੀਤੀ। ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਅਤੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਸੌਰਭ ਬਹਿਲ ਵਿਸ਼ੇਸ਼ ਮਹਿਮਾਨ ਵਜੋਂ ਮੌਜੂਦ ਰਹੇ। ਕੈਬਨਿਟ ਮੰਤਰੀ ਨੇ ਮੇਲੇ ਦੌਰਾਨ ਸਵੈ ਸਹਾਇਤਾ ਸਮੂਹਾਂ ਵੱਲੋਂ ਲਗਾਏ ਗਏ ਵੱਖ ਵੱਖ ਸਟਾਲਾਂ ਦਾ ਨਿਰੀਖਣ ਕੀਤਾ । ਸ਼੍ਰੀ ਕਟਾਰੂਚੱਕ ਨੇ ਕਿਹਾ ਪੇਂਡੂ ਖੇਤਰ ਦੇ ਅੰਦਰ ਇਨਾ ਸਮੂਹਾਂ ਵੱਲੋਂ ਤਿਆਰ ਕੀਤੇ ਉਤਪਾਦ  ਦੁਨੀਆਂ ਦੇ ਸਾਹਮਣੇ ਲੈ ਕੇ ਆਉਣਾ ਇੱਕ ਬਹੁਤ ਹੀ

ਸ਼ਲਾਘਾਯੋਗ ਕੰਮ ਏ । ਇਸ ਕੰਮ ਦੇ ਨਾਲ ਉਹਨਾਂ ਨੂੰ ਇੱਕ ਪਹਿਚਾਣ ਮਿਲੇਗੀ ਅਤੇ ਉਹ ਆਰਥਿਕ ਪੱਖ ਤੋਂ ਵੀ ਮਜਬੂਤ ਹੋਣਗੀਆਂ ।

ਉਨ੍ਹਾਂ ਕਿਹਾ ।

BYTE

ਇਸੇ ਦੌਰਾਨ ਸਵੈ ਸਹਾਇਤਾ ਸਮੂਹਾਂ ਦੇ ਮੈਂਬਰਾਂ ਨੇ ਆਪਣੇ ਤਜਰਬੇ ਸਾਂਝੇ ਕੀਤੇ ।

BYTE

---------------------------------------------------------------

ਜਿਲਾ ਤਰਨਤਾਰਨ ‘ਚ ਅੱਜ ਪਿੰਡ ਸ਼ੇਰੋ ਵਿਖੇ ਇਕ ਵਿਆਹ ਸਮਾਗਮ ‘ਚ ਸ਼ਾਮਿਲ ਹੋਏ ਆਮ ਆਦਮੀ ਪਾਰਟੀ ਨਾਲ ਸਬੰਧਿਤ ਸਰਪੰਚ ਹਰਬਿੰਦਰ ਸਿੰਘ ਦਾ ਅਣਪਛਾਤੇ ਵਿਆਕਤੀਆਂ ਵਲੋ ਗੋਲੀਆਂ ਮਾਰਕੇ ਕਤਲ ਕਰ ਦਿੱਤਾ ਗਿਆ । ਇਸੇ ਦੌਰਾਨ ਉਨ੍ਹਾਂ ਦੇ ਚਚੇਰੇ ਭਰਾ ਨੂੰ ਵੀ ਜਖਮੀ ਕੀਤਾ ਗਿਆ । ਸਾਡੇ ਪਤਰਕਾਰ ਨੇ ਦਸਿਆ ਕਿ ਜਦੋਂ ਸਰਪੰਚ ਨੂੰ ਗੋਲੀਆਂ ਮਾਰੀਆਂ ਗਈਆਂ ਤਾਂ ਮੌਕੇ ’ਤੇ ਮੌਜੂਦ ਉਨ੍ਹਾਂ ਦੇ ਭਰਾ ਅਣਪਛਾਤੇ ਹਮਲਾਵਰਾਂ ਦੇ ਪਿੱਛੇ ਭੱਜਿਆਂ ਤਾਂ ਹਮਲਾਵਰਾਂ ਨੇ ਸਰਪੰਚ ਦੇ ਭਰਾ ਨੂੰ ਵੀ ਗੋਲੀਆਂ ਮਾਰ ਕੇ ਗੰਭੀਰ ਰੂਪ ਵਿਚ ਜ਼ਖ਼ਮੀ ਕਰ ਦਿੱਤਾ।

ਪੁਲਿਸ ਨੇ ਪੈਲੇਸ ਨੂੰ ਘੇਰ ਕੇ ਜਾਂਚ ਸ਼ੁਰੂ ਕਰ ਦਿੱਤੀ ਏ ਅਤੇ ਆਸ-ਪਾਸ ਲੱਗੇ ਸੀਸੀਟੀਵੀ ਕੈਮਰਿਆਂ ਦੀ ਜਾਂਚ ਕੀਤੀ  ਜਾ ਰਹੀ ਏ । ਜ਼ਿਕਰਯੋਗ ਏ ਬੀਤੇ ਮਹੀਨੇ ਵੀ ਤਰਨਤਾਰਨ ਜ਼ਿਲੇ ਦੇ ਹੀ ਪਿੰਡ ਵਲਟੋਹਾ ਸੰਧੂਆਂ ਦੇ ਇਕ ਸਰਪੰਚ ਦਾ ਅੰਮ੍ਰਿਤਸਰ 'ਚ ਵਿਆਹ ਸਮਾਗਮ ਦੌਰਾਨ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ ।   ਇਸ ਦੌਰਾਨ ਵੱਖ ਵੱਖ ਸਿਆਸੀ ਆਗੂਆਂ ਨੇ ਸੂਬੇ ਵਿਚ ਚਲ ਰਹੇ ਓਪਰੇਸ਼ਨ ਪ੍ਰਹਾਰ ਦੇ ਬਾਵਜੂਦ ਵਿਗੜ ਰਹੀ ਕਾਨੂੰਨ ਵਿਵਸਥਾ ਦੀ ਸਥਿੱਤੀ 'ਤੇ ਸਵਾਲ ਚੁਕਦਿਆਂ, ਅੱਜ ਹੋਈ ਇਸ ਘਟਨਾ ਦੀ ਨਿਖੇਦੀ ਕੀਤੀ ਏ।

-----------------------------------------------------------

ਪੰਜਾਬ ਸਰਕਾਰ ਵੱਲੋਂ ਅੰਮ੍ਰਿਤਸਰ ਦੇ ਵਪਾਰੀਆਂ ਦੀਆਂ ਮੁਸ਼ਕਲਾਂ ਦੇ ਤੁਰੰਤ ਹੱਲ ਲਈ ਅੰਮ੍ਰਿਤਸਰ ਸਥਿਤ ਟਾਉਨ ਹਾਲ ਵਿਖੇ ਇੱਕ ਵਿਸ਼ੇਸ਼ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਵਪਾਰਕ ਵਰਗ ਦੀਆਂ ਸਮੱਸਿਆਵਾਂ ਨੂੰ ਸਿੱਧੇ ਤੌਰ ‘ਤੇ ਸੁਣਨ ਅਤੇ ਮੌਕੇ ‘ਤੇ ਹੀ ਨਿਪਟਾਰਾ ਕੀਤਾ ਗਿਆ । ਕੈਂਪ ਵਿੱਚ ਸਾਬਕਾ ਕੈਬਨਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਸਮੇਤ ਜ਼ਿਲ੍ਹਾ ਪ੍ਰਸ਼ਾਸਨ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਰਹੇ।  ਚੇਅਰਮੈਨ ਗੁਰਪ੍ਰੀਤ ਸਿੰਘ ਕਟਾਰੀਆ ਨੇ ਕਿਹਾ ਕਿ ਉਹ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹੁਕਮਾਂ ਅਨੁਸਾਰ ਵਪਾਰੀਆਂ ਦੇ ਸੇਵਾਦਾਰ ਵਜੋਂ ਕੰਮ ਕਰ ਰਹੇ ਨੇ ।

BYTE

ਸਾਬਕਾ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਹੁਣ ਕਿਸੇ ਵੀ ਵਪਾਰੀ ਨੂੰ ਦਫ਼ਤਰਾਂ ਦੇ ਚੱਕਰ ਨਹੀਂ ਲਗਾਉਣੇ ਪੈਣਗੇ। ਸਰਕਾਰ ਖੁਦ ਵਪਾਰੀ ਤੱਕ ਪਹੁੰਚੇਗੀ ਅਤੇ ਉਸਦਾ ਕੰਮ ਕਰੇਗੀ।

----------------------------------------------------------------

ਕਿਲਾ ਰਾਏਪੁਰ ਪੇਂਡੂ ਓਲੰਪਿਕ ਦੇ ਦੂਜੇ ਦਿਨ ਇੱਕ ਬੇਮਿਸਾਲ ਉਤਸ਼ਾਹ ਦੇਖਣ ਨੂੰ ਮਿਲਿਆ, ਜਦੋਂ ਹਜ਼ਾਰਾਂ ਲੋਕ, ਖਾਸ ਕਰਕੇ ਨੌਜਵਾਨ, ਪੰਜਾਬ ਦੇ ਅਮੀਰ ਪੇਂਡੂ ਖੇਡ ਵਿਰਾਸਤ ਦਾ ਜਸ਼ਨ ਮਨਾਉਣ ਲਈ ਇਤਿਹਾਸਕ ਸਟੇਡੀਅਮ ਕਿਲਾ ਰਾਏਪੁਰ ਵਿੱਚ ਇਕੱਠੇ ਹੋਏ। ਦਰਸ਼ਕਾਂ ਨੇ ਨਾ ਸਿਰਫ਼ ਬੈਲ ਗੱਡੀਆਂ ਦੀਆਂ ਦੌੜਾਂ ਦਾ ਸਗੋਂ ਰਵਾਇਤੀ ਖੇਡਾਂ ਅਤੇ ਐਥਲੈਟਿਕ ਮੁਕਾਬਲਿਆਂ ਦੀ ਇੱਕ ਜੀਵੰਤ ਲੜੀ ਦਾ ਵੀ ਸਮਰਥਨ ਕੀਤਾ। ਜਿਸ ਵਿੱਚ ਹਾਕੀ ਮੈਚ, ਕਬੱਡੀ ਮੁਕਾਬਲੇ, ਸ਼ਾਟ ਪੁੱਟ ਥ੍ਰੋ, 100 ਮੀਟਰ ਸਪ੍ਰਿੰਟ, ਟੰਗ ਆਫ਼ ਵਾਰ ਮੁਕਾਬਲੇ, ਲੰਬੀ ਛਾਲ ਦੇ ਮੁਕਾਬਲੇ, ਬਾਜ਼ੀਗਰ ਸ਼ੋਅ ਅਤੇ ਕਈ ਹੋਰ ਪੇਂਡੂ ਐਥਲੈਟਿਕ ਖੇਡਾਂ ਸ਼ਾਮਲ ਸਨ। ਖੇਡ ਮੈਦਾਨ ਪਰਿਵਾਰਾਂ, ਕਿਸਾਨਾਂ, ਨੌਜਵਾਨਾਂ ਸਮੂਹਾਂ, ਰਾਜ ਅਤੇ ਇਸ

ਤੋਂ ਬਾਹਰ ਦੇ ਦਰਸ਼ਕਾਂ ਦੇ ਨਾਲ ਭਰਿਆ ਹੋਇਆ ਸੀ ਜੋ ਕਿ ਏਕਤਾ, ਉਤਸ਼ਾਹ ਅਤੇ ਭਾਈਚਾਰਕ ਭਾਵਨਾ ਦਾ ਇੱਕ ਵੱਖਰਾ ਹੀ ਮਾਹੌਲ ਦਰਸਾ ਰਿਹਾ ਸੀ । ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਉਤਸ਼ਾਹੀ ਦਰਸ਼ਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬੈਲ ਗੱਡੀਆਂ ਦੀਆਂ ਦੌੜਾਂ ਦੀ ਪੁਨਰ ਸੁਰਜੀਤੀ ਇੱਕ ਇਤਿਹਾਸਕ ਮੀਲ ਪੱਥਰ ਵਜੋਂ ਸਾਬਤ ਹੋਈ ਏ ।

--------------------------------------------------------

ਜੰਗਲੀ ਜੀਵਾਂ ਦੀ ਸੁਰੱਖਿਆ ਅਤੇ ਲੋਕਾਂ ਨੂੰ ਜਾਗਰੂਕ ਕਰਨ ਸਬੰਧੀ ਸਰਕਾਰ ਦੇ ਉਪਰਾਲਿਆਂ ਦੇ ਸਾਰਥਕ ਨਤੀਜਿਆਂ ਸਦਕਾ ਮਹਿੰਦਰ ਚੌਧਰੀ ਜ਼ੂਆਲੋਜੀਕਲ ਪਾਰਕ, ਛੱਤਬੀੜ ਵਿਖੇ ਸੈਲਾਨੀਆਂ ਦੀ ਆਮਦ ਵਿੱਚ ਕਾਫ਼ੀ ਵਾਧਾ ਹੋਇਆ ਏ । ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਸਾਲ ਦੇ ਪਹਿਲੇ ਦੋ ਮਹੀਨਿਆਂ ਦੌਰਾਨ ਹੀ ਚਿੜੀਆਘਰ ਵਿੱਚ 80 ਹਜ਼ਾਰ 508 ਸੈਲਾਨੀਆਂ ਦੀ ਆਮਦ ਹੋਈ ਏ ਜੋ ਕਿ ਜੰਗਲੀ ਜੀਵਾਂ ਦੀ ਸੁਰੱਖਿਆ ਸਬੰਧੀ ਲੋਕਾਂ ਦੀ ਵੱਧ ਰਹੀ ਜਾਗੂਰਕਤਾ ਅਤੇ ਸ਼ਮੂਲੀਅਤ ਨੂੰ ਦਰਸਾਉਂਦਾ ਏ। ਚਿੜੀਆਘਰ ਵਿੱਚ ਪੰਛੀਆਂ ਅਤੇ ਜਾਨਵਰਾਂ ਦੀ ਸੁਰੱਖਿਆ ਅਤੇ ਸਾਂਭ-ਸੰਭਾਲ ਲਈ ਕੀਤੀਆਂ ਪਹਿਲਕਦਮੀਆਂ ਨੂੰ

ਉਜਾਗਰ ਕਰਦਿਆਂ ਮੰਤਰੀ ਨੇ ਕਿਹਾ ਕਿ ਜੰਗਲੀ ਜੀਵਾਂ ਦੀ ਸਾਂਭ-ਸੰਭਾਲ ਅਤੇ ਸੁਰੱਖਿਆ ਪ੍ਰਤੀ ਸਾਡੀ ਵਚਨਬੱਧਤਾ ਦੇ ਹਿੱਸੇ ਵਜੋਂ, ਛੱਤਬੀੜ ਚਿੜੀਆਘਰ ਵਿੱਚ ਕਈ ਅਹਿਮ ਪਹਿਲਕਦਮੀਆਂ ਕੀਤੀਆਂ ਗਈਆਂ ਨੇ । ਉਨ੍ਹਾਂ ਕਿਹਾ ਕਿ ਸੈਲਾਨੀਆਂ ਲਈ ਵਿੱਦਿਅਕ ਅਤੇ ਮਨੋਰੰਜਨ ਤਜਰਬਾ ਯਕੀਨੀ ਬਣਾਉਣ ਲਈ ਇੱਕ ਅਤਿ-ਆਧੁਨਿਕ ਡਾਇਨਾਸੌਰ ਪਾਰਕ ਸਥਾਪਿਤ ਕੀਤਾ ਗਿਆ ਏ । 1,200 ਮੀਟਰ ਦੇ ਜੰਗਲੀ ਜੀਵ ਸਫਾਰੀ ਖੇਤਰ ਵਿੱਚ, ਚਾਰਦੀਵਾਰੀ ਨੂੰ ਮਜ਼ਬੂਤ ਕੀਤਾ ਗਿਆ ਏ ਅਤੇ ਸਾਫ਼-ਸੁਥਰੀ ਊਰਜਾ ਦੀ ਵਰਤੋਂ ਨੂੰ ਉਤਸ਼ਾਹਿਤ ਕਰਨ ਲਈ 260 ਕੇ.ਵੀ. ਸੋਲਰ ਪਲਾਂਟ ਲਗਾਇਆ ਗਿਆ ਏ । ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਸਿੰਧੂ ਨਦੀ ਡੌਲਫਿਨ ਨੂੰ ਪੰਜਾਬ ਦਾ ਸੂਬਾਈ ਜਲ ਜੀਵ ਐਲਾਨਿਆ ਗਿਆ ਏ ਅਤੇ ਸੂਬੇ ਭਰ ਦੀਆਂ 13 ਜੰਗਲੀ ਜੀਵ ਰੱਖਾਂ ਨੂੰ ਪਲਾਸਟਿਕ ਮੁਕਤ ਐਲਾਨ ਕੀਤਾ ਗਿਆ ਏ । ਉਨ੍ਹਾਂ ਕਿਹਾ ਕੇਂਦਰ ਸਰਕਾਰ ਵੱਲੋਂ ਤਰਜੀਹੀ ਵਿਕਾਸ ਲਈ ਚੁਣੇ ਗਏ 100 ਜੰਗਲੀ ਜੀਵ ਰੱਖਾਂ ਵਿੱਚ ਸੂਬੇ ਦੇ ਹਰੀਕੇ, ਰੋਪੜ, ਕਾਂਝਲੀ, ਕੇਸ਼ੋਪੁਰ ਅਤੇ ਨੰਗਲ ਨੂੰ ਸ਼ਾਮਿਲ ਕੀਤਾ ਗਿਆ ਏ ।

---------------------------------------------------

ਰੇਲਵੇ ਆਉਣ ਵਾਲੇ ਤਿਉਹਾਰਾਂ ਦੇ ਮੱਦੇਨਜ਼ਰ, ਅੰਮ੍ਰਿਤਸਰ-ਕਟਿਹਾਰ ਵਿਚਕਾਰ ਤਿਉਹਾਰ ਵਿਸ਼ੇਸ਼ ਰੇਲਗੱਡੀਆਂ ਚਲਾ ਰਿਹਾ ਏ। ਫਿਰੋਜ਼ਪੁਰ ਡਵੀਜ਼ਨ ਦੇ ਸੀਨੀਅਰ ਡਿਵੀਜ਼ਨਲ ਕਮਰਸ਼ੀਅਲ ਮੈਨੇਜਰ ਪਰਮਦੀਪ ਸਿੰਘ ਸੈਣੀ ਨੇ ਦਸਿਆ ਕਿ ਤਿਉਹਾਰ ਵਿਸ਼ੇਸ਼ ਰੇਲਗੱਡੀ ਅੰਮ੍ਰਿਤਸਰ ਤੋਂ ਕਟਿਹਾਰ ਤੱਕ ਹਰ ਸ਼ੁੱਕਰਵਾਰ 27 ਫਰਵਰੀ ਤੋਂ 27 ਮਾਰਚ ਤੱਕ ਚੱਲੇਗੀ। ਇਹ ਤਿਉਹਾਰ ਵਿਸ਼ੇਸ਼ ਰੇਲਗੱਡੀ ਅੰਮ੍ਰਿਤਸਰ ਤੋਂ ਇਕ ਵੱਜਕੇ 25 ਮਿੰਟ 'ਤੇ ਰਵਾਨਾ ਹੋਵੇਗੀ । ਵਿਸ਼ੇਸ਼ ਰੇਲਗੱਡੀ ਕਟਿਹਾਰ ਤੋਂ ਅੰਮ੍ਰਿਤਸਰ ਲਈ ਹਰ ਬੁੱਧਵਾਰ 25 ਫਰਵਰੀ ਤੋਂ 25 ਮਾਰਚ ਤੱਕ ਚੱਲੇਗੀ । ਵਿਸ਼ੇਸ਼ ਰੇਲਗੱਡੀ ਰਸਤੇ ਵਿੱਚ, ਬਿਆਸ, ਜਲੰਧਰ ਸਿਟੀ, ਢੰਡਾਰੀ ਕਲਾਂ, ਰਾਜਪੁਰਾ, ਅੰਬਾਲਾ ਛਾਉਣੀ, ਸਹਾਰਨਪੁਰ, ਰੁੜਕੀ, ਲਕਸਰ, ਮੁਰਾਦਾਬਾਦ, ਬਰੇਲੀ, ਸ਼ਾਹਜਹਾਂਪੁਰ, ਸੀਤਾਪੁਰ, ਗੋਂਡਾ, ਬਸਤੀ, ਗੋਰਖਪੁਰ ਹੁੰਦੀ ਹੋਈ ਸਹਾਰਨਪੁਰ ਵਿਖੇ ਰੁਕੇਗੀ। ਮੁਸਾਫ਼ਰਾਂ ਨੂੰ ਇਸ ਤਿਉਹਾਰ ਵਿਸ਼ੇਸ਼ ਰੇਲਗੱਡੀ ਦਾ ਲਾਭ ਉਠਾਉਣ ਅਤੇ ਆਪਣੀ ਯਾਤਰਾ ਨੂੰ ਸੁਚਾਰੂ ਅਤੇ ਆਸਾਨ ਬਣਾਉਣ ਦੀ ਅਪੀਲ ਕੀਤੀ ਗਈ ਏ।

-----------------------------------------------------

ਮਰਦਾਂ ਦੇ ICC twenty - twenty ਵਿਸ਼ਵ ਕੱਪ ਵਿੱਚ ਅੱਜ ਮੌਜੂਦਾ ਚੈਂਪੀਅਨ ਭਾਰਤ ਦਾ ਮੁਕਾਬਲਾ ਅਹਿਮਦਾਬਾਦ ਦੇ ਨਰੇਂਦਰ ਮੋਦੀ

ਸਟੇਡੀਅਮ ਵਿੱਚ ਗਰੁੱਪ A ਦੇ ਮੈਚ ਵਿੱਚ ਨੀਦਰਲੈਂਡਜ਼ ਨਾਲ ਹੋਵੇਗਾ । ਇਹ ਮੈਚ ਸਥਾਨਕ ਸਮੇਂ ਮੁਤਾਬਿਕ ਸ਼ਾਮ 7 ਵਜੇ ਸ਼ੁਰੂ ਹੋਵੇਗਾ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿਖੇ ਸਪੇਨ ਦੇ ਰਾਸ਼ਟਰਪਤੀ ਪੇਡਰੋ ਸਾਂਚੇਜ਼ ਨਾਲ ਮੁਲਾਕਾਤ ਕੀਤੀ।
- ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਮਾਛੀਵਾੜਾ ਦੇ ਇਕ ਸਕੂਲ ਵਿੱਚ ਅਚਨਚੇਤ ਨਿਰੀਖਣ -ਗੰਭੀਰ ਖਾਮੀਆਂ ਸਬੰਧੀ 6 ਅਧਿਆਪਕਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ।
- ਪੰਜਾਬ ਸਰਕਾਰ ਵੱਲੋਂ ਸਮਾਜਿਕ ਸੁਰੱਖਿਆ ਯੋਜਨਾਵਾਂ ਤਹਿਤ ਜਨਵਰੀ 2026 ਤੱਕ 5 ਹਜ਼ਾਰ 748 ਕਰੋੜ ਤੋਂ ਵੱਧ ਦੀ ਰਕਮ ਜਾਰੀ ।
- ਜ਼ਿਲ੍ਹਾ ਤਰਨਤਾਰਨ ‘ਚ ਇਕ ਵਿਆਹ ਸਮਾਗਮ ਦੌਰਾਨ ਆਮ ਆਦਮੀ ਪਾਰਟੀ ਨਾਲ ਸਬੰਧਿਤ ਸਰਪੰਚ ਦਾ

ਅਣਪਛਾਤੇ ਵਿਆਕਤੀਆਂ ਵਲੋ ਗੋਲੀਆਂ ਮਾਰਕੇ ਕਤਲ ਕਰ ਦਿੱਤਾ ਗਿਆ।

- ਮਰਦਾਂ ਦੇ ICC twenty - twenty ਵਿਸ਼ਵ ਕੱਪ ਵਿੱਚ ਅੱਜ ਮੌਜੂਦਾ ਚੈਂਪੀਅਨ ਭਾਰਤ ਦਾ ਮੁਕਾਬਲਾ ਨੀਦਰਲੈਂਡਜ਼ ਨਾਲ ।

----------------------------------------

**ਇਸਦੇ ਨਾਲ ਹੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ , ਸਾਡਾ ਅਗਲਾ ਰਾਸ਼ਟਰੀ ਖਬਰਾਂ ਦਾ ਬੁਲੇਟਿਨ ਸ਼ਾਮੀ 7:30 ਵਜੇ ਹੋਏਗਾ , ਨਮਸਕਾਰ ।**